# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ

ਐਸ.ਸੀ.ਓ 104-106 , ਦੂਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ
ਫੋਨ ਨੰ: 0172-501565, ਫੈਕਸ ਨੰ: 0172-2624687 ਈ.ਮੇਲ dgsepunjab18@gmail.com

## ਹੁਕਮ

ਨੰ: ਐਸ.ਐਸ.ਏ/ਇਨਫੋਰਸਮੈਂਟ/2012/R00/209-11 ਮਿਤੀ 22.02.2013

ਮੁੱਖ ਅਧਿਆਪਕ, ਸਰਕਾਰੀ ਹਾਈ ਸਕੂਲ ਜੋਨੇਵਾਲ ਜ਼ਿਲਾ ਲੁਧਿਆਣਾ ਤੋਂ ਪ੍ਰਾਪਤ ਰਿਪੋਰਟ ਅਨੁਸਾਰ ਸ਼੍ਰੀ ਸ਼ਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਸਰਕਾਰੀ ਹਾਈ ਸਕੂਲ ਜੋਨੇਵਾਲ ਜ਼ਿਲਾ ਲੁਧਿਆਣਾ ਮਿਤੀ 22.02.2013 ਨੂੰ ਡਿਊਟੀ ਦੌਰਾਨ ਸ਼ਰਾਬੀ ਹਾਲਤ ਵਿੱਚ ਪਾਇਆ ਗਿਆ ਹੈ। ਸ਼੍ਰੀ ਸ਼ਮਸ਼ੇਰ ਸਿੰਘ ਦਾ ਡਾਕਟਰੀ ਮੁਆਇਨਾ ਸਿਵਲ ਹਸਪਤਾਲ ਲੁਧਿਆਣਾ ਤੋਂ ਕਰਵਾਇਆ ਗਿਆ ਅਤੇ ਡਾਕਟਰੀ ਰਿਪੋਰਟ ਅਨੁਸਾਰ ਉਸ ਵੱਲੋਂ ਸ਼ਰਾਬ ਪੀਤੇ ਹੋਣ ਦੀ ਪੁਸ਼ਟੀ ਹੋਈ ਹੈ।

ਸ਼੍ਰੀ ਸ਼ਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਸਰਕਾਰੀ ਹਾਈ ਸਕੂਲ ਜੋਨੇਵਾਲ ਜ਼ਿਲਾ ਲੁਧਿਆਣਾ ਦੀਆਂ ਉਪਰੋਕਤ ਕੋਤਾਹੀਆਂ ਗੰਭੀਰ, ਨਿੰਦਣਯੋਗ ਅਤੇ ਸਿੱਖਿਆ ਵਿਰੋਧੀ ਹਨ ਅਤੇ ਇਹ ਕੋਤਾਹੀਆਂ ਕਰਕੇ ਸ਼੍ਰੀ ਸ਼ਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਸਕੂਲ ਦਾ ਮਾਹੌਲ ਖਰਾਬ ਕਰ ਰਿਹਾ ਹੈ। ਇਸਤੋਂ ਪਹਿਲਾਂ ਵੀ ਮਿਤੀ 16.8.12 ਨੂੰ ਸ਼੍ਰੀ ਸ਼ਮਸ਼ੇਰ ਸਿੰਘ ਇਸੇ ਤਰਾਂ ਸ਼ਰਾਬੀ ਹਾਲਤ ਵਿੱਚ ਫੜਿਆ ਗਿਆ ਸੀ ਅਤੇ ਉਸਨੂੰ ਇਸ ਦਫਤਰ ਦੇ ਹੁਕਮ ਪੱਤਰ ਨੰ: ਐਸ.ਐਸ.ਏ/ਕੋਆਰਡੀਨੇਸ਼ਨ/ਇਨਸਪੈਕਸ਼ਨ/19936 ਮਿਤੀ 16.8.2012 ਰਾਹੀਂ ਮੁਅੱਤਲ ਕੀਤਾ ਗਿਆ ਸੀ ਲੇਕਿਨ ਬਾਅਦ ਵਿੱਚ ਇਸ ਦੀ ਬੇਨਤੀ ਤੇ ਵਿਚਾਰ ਕਰਦੇ ਹੋਏ ਇਸ ਨਾਲ ਨਰਮੀ ਦਾ ਸਲੂਕ ਕਰਦੇ ਹੋਏ ਇਸ ਨੂੰ ਹੁਕਮ ਮਿਤੀ 26.10.12 ਰਾਹੀਂ ਪੈਂਡਿੰਗ ਇਨਕੁਆਰੀ ਬਹਾਲ ਕੀਤਾ ਸੀ । ਲੇਕਿਨ ਸ਼੍ਰੀ ਸ਼ਮਸ਼ੇਰ ਸਿੰਘ ਆਪਣੀ ਆਦਤ ਤੋਂ ਬਾਜ਼ ਨਹੀਂ ਆਇਆ।

ਇਨ੍ਹਾਂ ਉਕਤ ਗੰਭੀਰ ਕੋਤਾਹੀਆਂ ਕਾਰਨ ਸ਼੍ਰੀ ਸ਼ਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਸਰਕਾਰੀ ਹਾਈ ਸਕੂਲ ਜੋਨੇਵਾਲ ਜ਼ਿਲਾ ਲੁਧਿਆਣਾ ਨੂੰ ਮੁੜ ਅੱਜ ਮਿਤੀ 22.2.13 ਨੂੰ ਮੁਅੱਤਲ ਕੀਤਾ ਜਾਂਦਾ ਹੈ। ਮੁਅੱਤਲੀ ਦੌਰਾਨ ਉਸਦਾ ਹੈਡ ਕੁਆਟਰ ਦਫਤਰ ਜ਼ਿਲਾ ਸਿੱਖਿਆ ਅਫਸਰ (ਸੈ:ਸਿ) ਫਰੀਦਕੋਟ ਵਿਖੇ ਹੋਵੇਗਾ।

ਇਹ ਹੁਕਮ ਤੁਰੰਤ ਲਾਗੂ ਹੋਣਗੇ।

ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ।

ਪਿਠ ਅੰਕਣ ਨੰ: ਐਸ.ਐਸ.ਏ/ਇਨਫੋਰਸਮੈਂਟ /2012/R00/209-11 ਮਿਤੀ 22.2.13

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ :-

1. ਜ਼ਿਲਾ ਸਿੱਖਿਆ ਅਫਸਰ (ਸੈ:ਸਿ) ਲੁਧਿਆਣਾ ਅਤੇ ਫਰੀਦਕੋਟ ।
2. ਸ਼੍ਰੀ ਸ਼ਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਸਰਕਾਰੀ ਹਾਈ ਸਕੂਲ ਜੋਨੇਵਾਲ ਜ਼ਿਲਾ ਲੁਧਿਆਣਾ ।

ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ।